ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922
ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

ਕਣਕ ਦੀ ਨਾੜ ਸਾੜਨ 'ਤੇ ਜ਼ੀਰੋ ਟਾਲਰੈਂਸ: ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ

ਹਵਾ ਪ੍ਰਦੂਸ਼ਣ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਐਕਸ਼ਨ ਮੋਡ 'ਚ, ਕਿਸਾਨਾਂ ਨੂੰ ਵਾਤਾਵਰਣ ਪੱਖੀ ਵਿਕਲਪ ਅਪਣਾਉਣ ਦੀ ਅਪੀਲ

ਲੁਧਿਆਣਾ ਪ੍ਰਸ਼ਾਸਨ ਵੱਲੋਂ ਪ੍ਰਦੂਸ਼ਣ ਮੁਕਤ ਕਣਕ ਦੀ ਵਾਢੀ ਲਈ ਵਿਭਾਗਾਂ ਨੂੰ ਮਿਲਜੁਲ ਕੇ ਕੰਮ ਕਰਨ ਦੇ ਨਿਰਦੇਸ਼

ਲੁਧਿਆਣਾ, 13 ਮਾਰਚ : ਵਾਤਾਵਰਣ ਪ੍ਰਦੂਸ਼ਣ ਨੂੰ ਰੋਕਣ ਲਈ ਇੱਕ ਸਰਗਰਮ ਉਪਾਅ ਵਜੋਂ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਵੀਰਵਾਰ ਨੂੰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ ਅਤੇ ਕਣਕ ਦੀ ਨਾੜ ਨੂੰ ਸਾੜਨ ਪ੍ਰਤੀ ਜ਼ੀਰੋ ਟਾਲਰੈਂਸ ਨੂੰ ਯਕੀਨੀ ਬਣਾਉਣ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਕਿਉਂਕਿ ਕਣਕ ਦੀ ਕਟਾਈ 1 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੀ ਹੈ।

ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਇਸ ਨੁਕਸਾਨਦੇਹ ਅਭਿਆਸ ਨੂੰ ਰੋਕਣ ਲਈ ਸਾਰੇ ਸਬੰਧਤ ਵਿਭਾਗਾਂ ਵੱਲੋਂ ਸੁਹਿਰਦ ਅਤੇ ਤਾਲਮੇਲ ਵਾਲੇ ਯਤਨਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਉਪ-ਮੰਡਲ ਮੈਜਿਸਟ੍ਰੇਟਾਂ (ਐਸ.ਡੀ.ਐਮ.) ਨੂੰ ਪਿੰਡ ਪੱਧਰ 'ਤੇ ਤੁਰੰਤ ਨੋਡਲ ਅਫਸਰ ਨਿਯੁਕਤ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਉਹ ਆਪਣੇ-ਆਪਣੇ ਖੇਤਰਾਂ ਵਿੱਚ ਨੇੜਿਓਂ ਨਿਗਰਾਨੀ ਰੱਖ ਸਕਣ ਅਤੇ ਕਣਕ ਦੀ ਨਾੜ ਸਾੜਨ ਦੀਆਂ ਕਿਸੇ ਵੀ ਘਟਨਾ ਦੀ ਨਿਗਰਾਨੀ ਕਰ ਸਕਣ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਅੱਗੇ ਹਦਾਇਤ ਕੀਤੀ ਕਿ ਉਹ ਕੈਂਪਾਂ, ਵੈਨਾਂ, ਹੋਰ ਆਈ.ਈ.ਸੀ. ਸਮੱਗਰੀਆਂ ਰਾਹੀਂ ਕਿਸਾਨਾਂ ਵਿੱਚ ਵਿਆਪਕ ਜਾਗਰੂਕਤਾ ਮੁਹਿੰਮਾਂ ਸ਼ੁਰੂ ਕਰਨ ਜਿਸ ਵਿੱਚ ਕਣਕ ਦੀ ਨਾੜ ਸਾੜਨ ਦੇ ਗੰਭੀਰ ਨੁਕਸਾਨਦੇਹ ਪ੍ਰਭਾਵਾਂ ਨੂੰ ਉਜਾਗਰ ਕੀਤਾ ਜਾਵੇ। ਇਨ੍ਹਾਂ ਵਿੱਚ ਹਵਾ ਦੀ ਗੁਣਵੱਤਾ ਵਿੱਚ ਗਿਰਾਵਟ, ਮਿੱਟੀ ਦਾ ਪਤਨ, ਜ਼ਰੂਰੀ ਪੌਸ਼ਟਿਕ ਤੱਤਾਂ ਦਾ ਨੁਕਸਾਨ, ਧੂੰਏਂ ਅਤੇ ਕਣਾਂ ਤੋਂ ਸਿਹਤ ਲਈ ਖ਼ਤਰੇ ਅਤੇ ਵਿਆਪਕ ਵਾਤਾਵਰਣ ਮੁੱਦਿਆਂ ਵਿੱਚ ਯੋਗਦਾਨ ਸ਼ਾਮਲ ਹਨ। ਇਸਦਾ ਉਦੇਸ਼ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਾਤਾਵਰਣ ਪੱਖੀ ਵਿਕਲਪ ਅਪਣਾਉਣ ਲਈ ਜਾਗਰੂਕ ਕਰਨਾ ਅਤੇ ਪ੍ਰੇਰਿਤ ਕਰਨਾ ਹੈ।ਜ਼ਿਲ੍ਹਾ ਲੁਧਿਆਣਾ ਵਿੱਚ ਇਸ ਸਾਲ ਕਣਕ ਦੀ ਕਾਸ਼ਤ ਕਰੀਬ 2.38 ਲੱਖ ਹੈਕਟੇਅਰ ਹੈ, ਜਿਸ ਨਾਲ ਆਉਣ ਵਾਲੀ ਵਾਢੀ ਦੇ ਸਮੇਂ ਦੌਰਾਨ ਪ੍ਰਦੂਸ਼ਣ ਨੂੰ ਘੱਟ ਕਰਨ ਲਈ ਪ੍ਰਭਾਵਸ਼ਾਲੀ ਰੋਕਥਾਮ ਉਪਾਅ ਮਹੱਤਵਪੂਰਨ ਹਨ।

ਹਿਮਾਂਸ਼ੂ ਜੈਨ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਿਗਿਆਨਕ ਤੌਰ 'ਤੇ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਤਕਨੀਕਾਂ 'ਤੇ ਮਾਰਗਦਰਸ਼ਨ ਰਾਹੀਂ ਕਿਸਾਨਾਂ ਦਾ ਸਮਰਥਨ ਕਰਨ ਲਈ ਵਚਨਬੱਧ ਹੈ। ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਅਤੇ ਰਾਜ ਸਰਕਾਰ ਦੇ ਨਿਰਦੇਸ਼ਾਂ ਦੇ ਅਨੁਸਾਰ ਸੰਬੰਧਿਤ ਕਾਨੂੰਨਾਂ ਅਤੇ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈਆਂ ਕੀਤੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਖੇਤੀਬਾੜੀ, ਪ੍ਰਦੂਸ਼ਣ ਕੰਟਰੋਲ, ਪੁਲਿਸ, ਮਾਲੀਆ, ਸਹਿਕਾਰਤਾ ਵਿਭਾਗ ਅਤੇ ਪੰਚਾਇਤ ਵਿਭਾਗਾਂ ਸਮੇਤ ਸਾਰੇ ਹਿੱਸੇਦਾਰਾਂ ਨੂੰ ਪ੍ਰਦੂਸ਼ਣ ਮੁਕਤ ਵਾਢੀ ਦੇ ਸੀਜ਼ਨ ਨੂੰ ਪ੍ਰਾਪਤ ਕਰਨ ਲਈ ਸਹਿਯੋਗ ਨਾਲ ਕੰਮ ਕਰਨ ਦਾ ਸੱਦਾ ਦਿੱਤਾ।

ਹਿਮਾਂਸ਼ੂ ਜੈਨ ਨੇ ਜ਼ਿਲ੍ਹਾ ਲੁਧਿਆਣਾ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਣਕ ਦੀ ਫਸਲ ਦੀ ਕਟਾਈ ਤੋਂ ਬਾਅਦ ਤੂੜੀ ਬਣਾਉਣ ਉਪਰੰਤ ਬਚੀ ਰਹਿੰਦ-ਖੂੰਹਦ ਨੂੰ ਖੇਤਾਂ 'ਚ ਹੀ ਵਾਹਿਆ ਜਾਵੇ, ਕਿਉਂਕਿ ਇਸ ਤਰੀਕੇ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ 'ਚ ਵਾਧਾ ਹੁੰਦਾ ਹੈ ਅਤੇ ਆਉਣ ਵਾਲੀਆਂ ਫਸਲਾਂ ਲਈ ਖਾਦਾਂ 'ਤੇ ਹੋਣ ਵਾਲਾ ਬੇਲੋੜਾ ਖਰਚ ਵੀ ਘਟਦਾ ਹੈ। ਉਨ੍ਹਾਂ ਕਿਹਾ ਕਿ ਕਣਕ ਦੇ ਨਾੜ ਨੂੰ ਅੱਗ ਲਗਾਉਣ ਨਾਲ ਵਾਤਾਵਰਨ 'ਚ ਤਾਪਮਾਨ ਵੱਧ ਜਾਂਦਾ ਹੈ, ਜਿਸ ਨਾਲ ਖੇਤਾਂ 'ਚ ਮੌਜੂਦ ਮਿੱਤਰ ਕੀੜੇ ਨਸ਼ਟ ਹੋ ਜਾਂਦੇ ਹਨ।

ਧਰਤ ਪਰਾਈ ਆਪਣੇ ਸਿਰਜਕ' ਸਾਹਿਤਕ ਸਮਾਗਮ ਕਰਵਾਇਆ ਗਿਆ

ਫਰੀਦਕੋਟ 13 ਮਾਰਚ : ਜ਼ਿਲ੍ਹਾ ਭਾਸ਼ਾ ਦਫ਼ਤਰ ਫ਼ਰੀਦਕੋਟ ਦੇ ਸਹਿਯੋਗ ਨਾਲ ਦੇਸ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ ਐਜੂਕੇਸ਼ਨ ਫ਼ਰੀਦਕੋਟ ਅਤੇ ਭਾਸ਼ਾ ਮੰਚ, ਮਹਾਤਮਾ ਗਾਂਧੀ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਫ਼ਰੀਦਕੋਟ ਵੱਲੋਂ ਕਾਲਜ ਪ੍ਰੰਗਣ ਵਿੱਚ 'ਧਰਤ ਪਰਾਈ ਆਪਣੇ ਸਿਰਜਕ' ਨਾਮਕ ਸਾਹਿਤਕ ਸਮਾਗਮ ਕਰਵਾਇਆ ਗਿਆ।

ਇਸ ਸਮਾਗਮ ਵਿੱਚ ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਸਾਹਿਤਕਾਰਾਂ ਨੇ ਸ਼ਿਰਕਤ ਕੀਤੀ। ਇੰਗਲੈਂਡ ਤੋਂ ਅਜ਼ੀਮ ਸ਼ੇਖਰ, ਕਨੇਡਾ ਤੋਂ ਪ੍ਰੀਤ ਮਨਪ੍ਰੀਤ, ਬੈਲਜੀਅਮ ਤੋਂ ਜੀਤ ਸੁਰਜੀਤ, ਆਸਟਰੇਲੀਆ ਤੋਂ ਜੱਗੀ ਜੌਹਲ ਅਤੇ ਇੰਗਲੈਂਡ ਤੋਂ ਜਸਵਿੰਦਰ ਰੱਤੀਆਂ ਨੇ ਆਪਣੀਆਂ ਰਚਨਾਵਾਂ ਰਾਹੀਂ ਸਰੋਤਿਆਂ ਨੂੰ ਮੁਗਧ ਕੀਤਾ।

ਉੱਘੇ ਕਹਾਣੀਕਾਰ ਗੁਰਮੀਤ ਕੜਿਆਲਵੀ ਨੇ ਸਮਾਗਮ ਦਾ ਮੰਚ ਸੰਚਾਲਨ ਕਰਦਿਆਂ ਪਰਵਾਸ ਵਿੱਚ ਰਚੇ ਜਾ ਰਹੇ ਪੰਜਾਬੀ ਸਾਹਿਤ ਦੀ ਮਹੱਤਤਾ ਉਜਾਗਰ ਕੀਤੀ। ਸਮਾਗਮ ਦੇ ਆਰੰਭ ਵਿੱਚ ਉੱਘੇ ਸ਼ਾਇਰ ਅਤੇ ਪ੍ਰਿੰਸੀਪਲ ਸਰਕਾਰੀ ਕਾਲਜ ਆਫ ਐਜੂਕੇਸ਼ਨ ਫ਼ਰੀਦਕੋਟ ਪ੍ਰੋ. ਰਾਜੇਸ਼ ਮੋਹਨ ਨੇ ਮਹਿਮਾਨ ਸ਼ਾਇਰਾਂ ਦਾ ਸਵਾਗਤ ਕੀਤਾ। ਸਮਾਗਮ ਦੌਰਾਨ ਜੀਤ ਸੁਰਜੀਤ ਨੇ ਆਪਣੀ ਸ਼ਾਇਰੀ ਰਾਹੀਂ ਔਰਤ ਮਨ ਦੀ ਵੇਦਨਾ ਨੂੰ ਬਿਆਨ ਕੀਤਾ, ਜਦਕਿ ਜੱਗੀ ਜੌਹਲ ਨੇ ਮਨੁੱਖ ਅੰਦਰਲੇ ਇਕਲਾਪੇ ਦੀ ਭਾਵਨਾ ਨੂੰ ਪੇਸ਼ ਕੀਤਾ। ਅਜ਼ੀਮ ਸ਼ੇਖਰ ਦੀ ਸ਼ਾਇਰੀ ਵਿੱਚ ਸੂਫ਼ੀਆਨਾ ਰੰਗ ਨਜ਼ਰ ਆਇਆ ਅਤੇ ਪ੍ਰੀਤ ਮਨਪ੍ਰੀਤ ਨੇ ਪੰਜਾਬ ਦੀ ਰਹਿਤਲ ਅਤੇ ਮਿੱਟੀ ਨਾਲ ਜੁੜੇ ਹੇਰਵੇ ਨੂੰ ਉਕੇਰਿਆ। ਇਸ ਮੌਕੇ ਗਲਪਕਾਰ ਜਸਵਿੰਦਰ ਰੱਤੀਆਂ ਨੇ ਜੀਵਨ ਵਿੱਚ ਚੰਗੇ ਸਾਹਿਤ ਦੀ ਲੋੜ ਅਤੇ ਇਸ ਦੇ ਪ੍ਰਭਾਵ ਬਾਰੇ ਸੰਖੇਪ ਵਿਚਾਰ ਵੀ ਸਾਂਝੇ ਕੀਤੇ।

ਸਮਾਗਮ ਦੌਰਾਨ ਸਰੋਤਿਆਂ ਨੇ ਵੱਖ-ਵੱਖ ਰੰਗਾਂ ਦੀ ਉਮਦਾ ਸ਼ਾਇਰੀ ਨੂੰ ਰੂਹ ਨਾਲ ਸੁਣਿਆ ਅਤੇ ਮਾਣਿਆ। ਸਮਾਗਮ ਦੇ ਅੰਤ ਵਿੱਚ ਮਨਜੀਤ ਪੁਰੀ, ਜ਼ਿਲ੍ਹਾ ਭਾਸ਼ਾ ਅਫ਼ਸਰ ਫ਼ਰੀਦਕੋਟ ਨੇ ਸ਼ਾਇਰਾਂ ਅਤੇ ਸਰੋਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਨੁੱਖੀ ਰੂਹ ਦੀ ਤਾਜ਼ਗੀ ਲਈ ਸ਼ਾਇਰੀ, ਸ਼ਬਦ ਅਤੇ ਸੰਗੀਤ ਦਾ ਸਦੀਵੀ ਮਹੱਤਵ ਹੈ ਅਤੇ ਅਜਿਹੇ ਭਾਵਪੂਰਤ ਸਾਹਿਤਕ ਸਮਾਗਮ ਅੱਜ ਦੇ ਸਮੇਂ ਦੀ ਲੋੜ ਹਨ। ਇਸ ਮੌਕੇ ਪ੍ਰਸਿੱਧ ਕਵੀ ਅਤੇ ਪ੍ਰਿੰਸੀਪਲ ਮਹਾਤਮਾ ਗਾਂਧੀ ਮੈਮੋਰੀਅਲ ਸਕੂਲ ਫ਼ਰੀਦਕੋਟ ਕੁਮਾਰ ਜਗਦੇਵ ਸਿੰਘ ਬਰਾੜ, ਕੰਵਰਜੀਤ ਸਿੰਘ ਸਿੱਧੂ (ਖੋਜ ਅਫ਼ਸਰ), ਸ਼ਿਵਜੀਤ ਸਿੰਘ ਸੰਘਾ, ਮੇਹਰ ਸਿੰਘ ਸੰਧੂ, ਜਗਜੀਤ ਸਿੰਘ ਚਾਹਲ, ਕੁਲਵੀਰ ਸਿੰਘ ਸਮਰਾ ਪੱਖੀ ਕਲਾਂ, ਹਰਜੀਤ ਸਿੰਘ ਗਿੱਲ ਪੱਖੀ ਕਲਾਂ, ਗੁਰਤੇਜ ਪੱਖੀ, ਧਰਮ ਪ੍ਰਵਾਨਾ, ਪ੍ਰੋ. ਰਾਜੇਸ਼ਵਰੀ, ਪ੍ਰੋ. ਰਣਜੀਤ ਬਾਜਵਾ, ਪ੍ਰੋ. ਸੰਦੀਪ ਸਿੰਘ, ਪ੍ਰੋ. ਬੀਰਇੰਦਰ ਸਿੰਘ, ਰਣਜੀਤ ਸਿੰਘ (ਸੀਨੀਅਰ ਸਹਾਇਕ) ਅਤੇ ਜਸਮੇਲ ਸਿੰਘ (ਕਲਰਕ) ਵੀ ਹਾਜ਼ਰ ਰਹੇ। ਇਸ ਦੇ ਨਾਲ ਹੀ ਕਾਲਜ ਦੇ ਵਿਦਿਆਰਥੀਆਂ ਨੇ ਵੀ ਵੱਡੀ ਗਿਣਤੀ ਵਿੱਚ ਹਾਜ਼ਰੀ ਲਗਾ ਕੇ ਸਮਾਗਮ ਦਾ ਅਨੰਦ ਮਾਣਿਆ।

ਨੌਜਵਾਨਾਂ ਨੂੰ ਰੁਜ਼ਗਾਰ ਦਿਵਾਉਣ ਲਈ ਵਰਦਾਨ ਸਾਬਿਤ ਹੋ ਰਹੀ ਹੈ ਨਾਭਾ ਫਿਜ਼ੀਕਲ ਅਕੈਡਮੀ

ਮੇਜਰ ਸਿੰਘ ਨਾਭਾ

ਪੰਜਾਬ ਦੇ ਨੌਜਵਾਨਾਂ ਲਈ ਵੱਖ ਵੱਖ ਖੇਤਰਾਂ ਵਿਚ ਭਰਤੀ ਹੋਣ ਲਈ ਕੋਚਿੰਗ ਸੈਂਟਰਾਂ ਦਾ ਅਹਿਮ ਰੋਲ ਹੈ। ਰਿਆਸਤੀ ਨਗਰੀ ਨਾਭਾ ਬਹੁਤ ਸਾਰੀਆਂ ਮਹਾਨ ਹਸਤੀਆਂ ਅਤੇ ਵਸਤੂਆਂ ਵਾਸਤੇ ਮਸ਼ਹੂਰ ਹੈ, ਉੱਥੇ ਇਸ ਸ਼ਹਿਰ ਦੇ ਨਾਮ ਨੂੰ ਚਾਰ ਚੰਨ ਲਾ ਰਹੀ ਹੈ , ਨਾਭਾ ਫਿਜ਼ੀਕਲ ਅਕੈਡਮੀ ਜੋ ਸੰਨ 2011 ਤੋਂ ਸਰੀਰਕ ਗਤੀਵਿਧੀਆਂ ਕਰਵਾਕੇ ਡਿਫੈਂਸ ਦੇ ਖੇਤਰ ਵਿੱਚ ਰੁਜ਼ਗਾਰ ਦੇ ਮੌਕੇ ਦੇਣ ਲਈ ਤਿਆਰੀ ਕਰਵਾਉਣ ਦੀਆਂ ਸੇਵਾਵਾਂ ਦਿੰਦੀ ਆ ਰਹੀ ਹੈ। ਅਕੈਡਮੀ ਦੇ ਫਾਊਂਡਰ ਇੰਸਟਰੱਕਟਰ ਕੋਚ ਕ੍ਰਿਸ਼ਨ ਸਿੰਘ ਨਾਭਾ ਨੇ ਦੱਸਿਆ ਕਿ ਉਹ ਖ਼ੁਦ ਪਹਿਲਾਂ ਲੰਮਾਂ ਸਮਾਂ ਖੇਡਾਂ ਨਾਲ ਜੁੜੇ ਰਹੇ। ਅਤੇ ਫੇਰ ਉਹਨਾਂ ਨੇ ਸਰੀਰਕ ਸਿੱਖਿਆ ਦੇ ਖੇਤਰ ਦੀ ਪੜਾਈ ਗੌਰਮਿੰਟ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ ਪਟਿਆਲਾ ਵਿਖੇ ਕੀਤੀ। ਹਜ਼ਾਰਾਂ ਬੱਚੇ ਇਸ ਅਕੈਡਮੀ ਤੋਂ ਫਿਟਨੈਂਸ ਪ੍ਰਾਪਤ ਕਰ ਚੁੱਕੇ ਹਨ, ਅਤੇ ਡਿਫੈਂਸ ਦੇ ਮਹਿਕਮਿਆਂ ਵਿੱਚ ਆਈਆਂ ਵੱਖ ਵੱਖ ਅਸਾਮੀਆਂ ਲਈ ਸਿਲੈਕਟ ਹੋਏ 400 ਤੋਂ ਉੱਪਰ ਬੱਚੇ ਖ਼ਾਕੀ ਵਰਦੀਆਂ ਪਾ ਚੁੱਕੇ ਹਨ। ਜਿਨਾਂ ਵਿੱਚ ਮੁੱਖ ਰੂਪ ਵਿੱਚ ਪੰਜਾਬ ਪੁਲਿਸ ਕਾਂਸਟੇਬਲ, ਪੰਜਾਬ ਪੁਲਿਸ ਹੈੱਡ ਕਾਂਸਟੇਬਲ, ਪੰਜਾਬ ਪੁਲਿਸ ਸਬ ਇੰਸਪੈਕਟਰ, ਜੇਲ੍ਹ ਪੁਲਿਸ,ਚੰਡੀਗੜ੍ਹ ਪੁਲਿਸ, ਵਣ ਵਿਭਾਗ, ਫਾਇਰਮੈਨ ਅਗਨੀ ਵੀਰ,(ਆਰਮੀ) ਬੀ ਐਸ ਐਫ਼, ਸੀ ਆਰ ਪੀ ਐੱਫ, ਰੇਲਵੇ ਅਤੇ ਏਅਰ ਫੋਰਸ ਵਿੱਚ ਭਰਤੀ ਹੋ ਚੁੱਕੇ ਹਨ। ਇਸ ਤੋਂ ਇਲਾਵਾ ਨਾਭਾ ਫਿਜ਼ੀਕਲ ਅਕੈਡਮੀ ਵਿੱਚ ਸਕੂਲੀ ਖੇਡਾਂ, ਐਥਲੈਟਿਕ ਈਵੈਂਟਾ ਅਤੇ ਯੋਗਾ ਆਦਿ ਵੀ ਤਿਆਰੀ ਕਰਵਾਈ ਜਾਂਦੀ ਹੈ। ਪੰਜਾਬ ਤੋਂ ਇਲਾਵਾ ਨਾਲ ਲੱਗਦੇ ਸੂਬਿਆਂ ਹਰਿਆਣਾ, ਹਿਮਾਚਲ, ਰਾਜਸਥਾਨ ਅਤੇ ਯੂ ਪੀ ਆਦਿ ਤੋਂ ਵੀ ਬੱਚੇ ਇਸ ਅਕੈਡਮੀ ਵਿੱਚ ਆ ਕੇ ਆਪਣੇ ਸੁਪਨੇ ਪੂਰੇ ਕਰ ਰਹੇ ਹਨ।ਨਾਭਾ ਫਿਜ਼ੀਕਲ ਅਕੈਡਮੀ ਨੂੰ ਸਮੇਂ ਸਮੇਂ ਤੇ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਸਨਮਾਨਿਆਂ ਜਾ ਚੁੱਕਿਆ ਹੈ। ਕੋਚ ਕ੍ਰਿਸ਼ਨ ਸਿੰਘ ਨਾਭਾ ਨੇ ਪੰਜਾਬ ਦੇ ਨੌਜਵਾਨ ਲੜਕੇ ਲੜਕੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਰਪਾ ਕਰਕੇ ਉਹ ਪੰਜਾਬ ਨੂੰ ਛੱਡ ਛੱਡ ਕੇ ਵਿਦੇਸ਼ਾਂ ਨੂੰ ਕੂਚ ਨਾ ਕਰਨ, ਇੱਥੇ ਹੀ ਮਿਹਨਤ ਨਾਲ ਨੌਕਰੀ ਹਾਸਿਲ ਕਰਕੇ ਆਪਣੇ ਮਾਤਾ ਪਿਤਾ ਅਤੇ ਪੰਜਾਬ ਦੀ ਸੇਵਾ ਕਰਨ ਅਤੇ ਨਸ਼ਿਆਂ ਦੀ ਦਲਦਲ ਤੋਂ ਬਚਾਅ ਹੋ ਸਕੇ। ਮਿਲਟਰੀ ਅਤੇ ਪੰਜਾਬ ਪੁਲਿਸ ਦੀਆਂ ਭਰਤੀਆਂ ਲਈ ਤਿਆਰੀ ਕਰਨ ਵਾਲੇ ਬੱਚੇ ਨਾਭਾ ਫਿਜ਼ੀਕਲ ਅਕੈਡਮੀ ਨਾਲ ਮੋਬਾਇਲ ਨੰ. 6280494800 ਤੇ ਸੰਪਰਕ ਕਰ ਸਕਦੇ ਹਨ। ਇੱਥੇ ਰਿਹਾਇਸ਼ ਦਾ ਵੀ ਪ੍ਰਬੰਧ ਹੈ। ਫਿਜ਼ੀਕਲ ਟਰਾਇਲਾਂ ਅਤੇ ਪੇਪਰ ਦੀ ਤਿਆਰੀ ਬਹੁਤ ਵਧੀਆ ਤਰੀਕੇ ਨਾਲ ਕਰਵਾਈ ਜਾਂਦੀ ਹੈ ਜਿਸ ਦੇ ਨਤੀਜੇ ਸਦਕਾ ਬਹੁਤ ਸਾਰੇ ਲੜਕੇ ਅਤੇ ਲੜਕੀਆਂ ਰੁਜ਼ਗਾਰ ਪ੍ਰਾਪਤ ਕਰ ਚੁੱਕੇ ਹਨ । ਨਾਭਾ ਫਿਜ਼ੀਕਲ ਅਕੈਡਮੀ ਕੈਂਟ ਰੋਡ ਨਾਭਾ ਨੇੜੇ ਮਿਲਟਰੀ ਹੈੱਡ ਕੁਆਰਟਰ ਸਥਿਤ ਹੈ।

ਲੁਧਿਆਣਾ ਵਿੱਚ ਆਧੁਨਿਕ ਪ੍ਰੈਸ਼ਰਾਈਜ਼ਡ ਪਾਈਪ ਸਿੰਚਾਈ ਨੈੱਟਵਰਕ ਪ੍ਰੋਜੈਕਟ 'ਤੇ ਹੋਈ ਮੀਟਿੰਗ

ਤਿੰਨ ਜ਼ਿਲ੍ਹਿਆਂ ਦੇ ਛੇ ਪਿੰਡਾਂ ਤੱਕ ਫੈਲੇਗਾ ਆਧੁਨਿਕ ਸਿੰਚਾਈ ਪ੍ਰੋਜੈਕਟ, 1388 ਹੈਕਟੇਅਰ ਰਕਬੇ ਨੂੰ ਮਿਲਣਗੀਆਂ ਆਧੁਨਿਕ ਸਿੰਚਾਈ ਸਹੂਲਤਾਂ

ਲੁਧਿਆਣਾ, 13 ਮਾਰਚ : ਕਮਾਂਡ ਏਰੀਆ ਵਿਕਾਸ ਅਤੇ ਜਲ ਪ੍ਰਬੰਧਨ ਪ੍ਰੋਜੈਕਟ ਦੇ ਆਧੁਨਿਕੀਕਰਨ ਸੰਬੰਧੀ ਇੱਕ ਮੀਟਿੰਗ ਹੋਈ। ਜ਼ਿਲ੍ਹੇ ਵਿੱਚ ਕਮਾਂਡ ਏਰੀਆ ਵਿਕਾਸ ਅਤੇ ਜਲ ਪ੍ਰਬੰਧਨ ਅਧੀਨ ਪ੍ਰਸਤਾਵਿਤ ਪ੍ਰੈਸ਼ਰਾਈਜ਼ਡ ਪਾਈਪ ਸਿੰਚਾਈ ਨੈੱਟਵਰਕ ਪ੍ਰਣਾਲੀ ਨੂੰ ਲਾਗੂ ਕਰਨ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਪ੍ਰੋਜੈਕਟ ਰਾਹੀਂ ਇੱਕ ਦੂਜੇ ਨਾਲ ਲੱਗਦੇ ਵੱਖ-ਵੱਖ ਤਿੰਨ ਜ਼ਿਲ੍ਹਿਆਂ ਦੇ ਛੇ ਪਿੰਡਾਂ ਵਿੱਚ ਕੁੱਲ 1388 ਹੈਕਟੇਅਰ ਰਕਬੇ ਤੱਕ ਆਧੁਨਿਕ ਸਿੰਚਾਈ ਸਹੂਲਤਾਂ ਦਾ ਵਿਸਤਾਰ ਕੀਤਾ ਜਾਵੇਗਾ। ਇਸ ਪ੍ਰੋਜੈਕਟ ਤਹਿਤ ਪੁਰਾਣੇ ਬੋਰਵੈੱਲ ਸਿੰਚਾਈ ਨੂੰ ਇੱਕ ਆਧੁਨਿਕ ਪ੍ਰੈਸ਼ਰਾਈਜ਼ਡ ਪਾਈਪ ਸਿੰਚਾਈ ਨੈੱਟਵਰਕ ਨਾਲ ਬਦਲਿਆ ਜਾਵੇਗਾ ਜਿਸ ਨਾਲ ਪਾਣੀ ਦੀ ਵਰਤੋਂ ਦੀ ਕੁਸ਼ਲਤਾ ਵਿੱਚ ਕਾਫ਼ੀ ਵਾਧਾ ਹੋਵੇਗਾ ਅਤੇ ਦਿਨ ਪ੍ਰਤੀ ਦਿਨ ਵੱਡੇ ਪੱਧਰ 'ਤੇ ਘੱਟ ਰਹੇ ਭੂਮੀਗਤ ਪਾਣੀ ਦੀ ਬੱਚਤ ਹੋਵੇਗੀ।

ਮੀਟਿੰਗ ਵਿੱਚ ਕਮਾਂਡ ਏਰੀਆ ਵਿਕਾਸ ਅਤੇ ਜਲ ਪ੍ਰਬੰਧਨ ਦੇ ਸਟੇਟ ਨੋਡਲ ਅਫ਼ਸਰ ਸੁਪਰਡੈਂਟ ਇੰਜੀਨੀਅਰ ਨਵਜੋਤ ਸਿੰਘ, ਕਾਰਜਕਾਰੀ ਇੰਜੀਨੀਅਰ ਨਮਨ ਜੈਨ ਅਤੇ ਸੰਯੁਕਤ ਰਾਸ਼ਟਰ ਖੁਰਾਕ ਅਤੇ ਖੇਤੀਬਾੜੀ ਸੰਗਠਨ ਦੇ ਪ੍ਰਤੀਨਿਧੀ ਰਾਜੇਸ਼ ਕੁਮਾਰ ਅਤੇ ਰੋਹਿਤ ਸ਼ਰਮਾ ਦੇ ਨਾਲ-ਨਾਲ ਖੇਤੀਬਾੜੀ ਵਿਭਾਗ, ਬਾਗਬਾਨੀ ਵਿਭਾਗ, ਮਿੱਟੀ ਅਤੇ ਪਾਣੀ ਸੰਭਾਲ ਵਿਭਾਗ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਸੀ.ਐਸ.ਆਈ.ਆਰ ਨਵੀਂ ਦਿੱਲੀ ਅਤੇ ਆਈ.ਟੀ ਵਿਭਾਗ ਅਤੇ ਈ.ਆਈ.ਟੀ ਟੈਕਨਾਲੋਜੀਜ਼, ਬੰਗਲੌਰ ਦੇ ਅਧਿਕਾਰੀ ਸ਼ਾਮਲ ਹੋਏ।

ਮੀਟਿੰਗ ਦੌਰਾਨ ਖੇਤੀਬਾੜੀ ਅਤੇ ਬਾਗਬਾਨੀ ਵਿਭਾਗਾਂ ਨੂੰ ਸਥਾਨਕ ਪੱਧਰ ਦੀਆਂ ਮੀਟਿੰਗਾਂ ਦਾ ਪ੍ਰਬੰਧ ਕਰਨ ਦੇ ਨਿਰਦੇਸ਼ ਜਾਰੀ ਕੀਤੇ ਗਏ ਜਿੱਥੇ ਕਿਸਾਨਾਂ ਨੂੰ ਇਸ ਪ੍ਰੋਜੈਕਟ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ ਅਤੇ ਸਿੰਚਾਈ ਪ੍ਰਣਾਲੀ ਦੀ ਸਰਵੋਤਮ ਅਤੇ ਪ੍ਰਭਾਵਸ਼ਾਲੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਫਸਲੀ ਵਿਭਿੰਨਤਾ ਵੱਲ ਉਤਸ਼ਾਹਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਬਾਗਬਾਨੀ ਵਿਭਾਗ ਨੂੰ ਬਾਗਬਾਨੀ ਕਲੱਸਟਰਾਂ ਦੀ ਪਛਾਣ ਕਰਨ, ਸੂਖਮ ਸਿੰਚਾਈ ਸਕੀਮਾਂ ਨਾਲ ਜੁੜਨ ਦੇ ਨਿਰਦੇਸ਼ ਵੀ ਜਾਰੀ ਕੀਤੇ ਗਏ।

ਪਟਿਆਲਾ ਜ਼ਿਲ੍ਹੇ 'ਚ ਐਲਪੀਜੀ ਸਪਲਾਈ ਆਮ ਵਾਂਗ, ਲੋਕਾਂ ਨੂੰ ਜਮ੍ਹਾਂਖੋਰੀ ਤੇ ਅਫ਼ਵਾਹਾਂ ਤੋਂ ਬਚਣ ਦੀ ਲੋੜ- ਵਰਜੀਤ ਵਾਲੀਆ

ਖਪਤਕਾਰਾਂ ਵੱਲੋਂ ਘਬਰਾਹਟ 'ਚ ਕੀਤੀ ਜਾ ਰਹੀ ਬੁਕਿੰਗ ਕਾਰਨ ਗੈਸ ਏਜੰਸੀਆਂ ਦੀ ਸਰਵਰ ਬੁਕਿੰਗ ਪ੍ਰਭਾਵਿਤ ਹੋਈ

ਜ਼ਿਲ੍ਹੇ 'ਚ ਤਹਿਸੀਲ ਪੱਧਰ 'ਤੇ ਡੀਐਫਐਸਓ ਤੇ ਏਐਫਐਸਓ ਦੀਆਂ 8 ਟੀਮਾਂ ਵੱਲੋਂ 42 ਥਾਂਵਾਂ 'ਤੇ ਛਾਪੇਮਾਰੀ, ਵਪਾਰਕ ਥਾਵਾਂ ਤੋਂ 45 ਘਰੇਲੂ ਗੈਸ ਸਿਲੰਡਰ ਜ਼ਬਤ

ਐਲ ਪੀ ਜੀ ਸਿਲੰਡਰਾਂ ਦੀ ਕਾਲਾ ਬਜ਼ਾਰੀ ਬਰਦਾਸ਼ਤ ਨਹੀਂ, ਸ਼ਰਾਰਤੀ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਹੋਵੇਗੀ: ਡਿਪਟੀ ਕਮਿਸ਼ਨਰ

ਕਿਸੇ ਵੀ ਸ਼ਿਕਾਇਤ ਲਈ ਬਲਾਕ ਪੱਧਰ 'ਤੇ ਏ. ਐਫ.ਐਸ.ਓਜ ਦੇ ਨੰਬਰ ਜਾਰੀ

ਪਟਿਆਲਾ, 13 ਮਾਰਚ : ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਅੱਜ ਮੁੜ ਜ਼ੋਰ ਦੇ ਕੇ ਕਿਹਾ ਹੈ ਕਿ ਪਟਿਆਲਾ ਜ਼ਿਲ੍ਹੇ 'ਚ ਐਲਪੀਜੀ ਸਪਲਾਈ ਆਮ ਵਾਂਗ ਹੈ ਪਰੰਤੂ ਲੋਕਾਂ ਨੂੰ ਘਬਰਾਹਟ 'ਚ ਆਕੇ ਜਮ੍ਹਾਂਖੋਰੀ ਕਰਨ ਅਤੇ ਗੈਸ ਨਾ ਮਿਲਣ ਵਰਗੀਆਂ ਕਿਸੇ ਤਰ੍ਹਾਂ ਦੀਆਂ ਅਫ਼ਵਾਹਾਂ ਤੋਂ ਬਚਣ ਦੀ ਲੋੜ ਹੈ।

ਉਧਰ ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹੇ ਵਿੱਚ ਰਸੋਈ ਗੈਸ ਦੀ ਕਾਲਾ ਬਜ਼ਾਰੀ ਅਤੇ ਗੈਰ-ਕਾਨੂੰਨੀ ਵਿਕਰੀ ਨੂੰ ਰੋਕਣ ਲਈ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਦੀਆਂ ਵੱਖ-ਵੱਖ ਟੀਮਾਂ ਵੱਲੋਂ ਜ਼ਿਲ੍ਹੇ ਭਰ ਵਿੱਚ 8 ਟੀਮਾਂ ਵੱਲੋਂ 42 ਥਾਂਵਾਂ 'ਤੇ ਛਾਪੇਮਾਰੀ ਕੀਤੀ ਗਈ ਹੈ ਅਤੇ ਵਪਾਰਕ ਥਾਵਾਂ ਤੋਂ 45 ਘਰੇਲੂ ਗੈਸ ਸਿਲੰਡਰ ਜ਼ਬਤ ਕੀਤੇ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਗੈਸ ਏਜੰਸੀਆਂ ਵੱਲੋਂ ਬੁਕਿੰਗ ਵੀ ਕੀਤੀ ਜਾ ਰਹੀ ਹੈ ਅਤੇ ਸਪਲਾਈ ਵੀ ਜਾਰੀ ਹੈ ਪਰੰਤੂ ਖਪਤਕਾਰਾਂ ਵੱਲੋਂ ਘਬਰਾਹਟ 'ਚ ਆਕੇ ਕੀਤੀ ਜਾ ਰਹੀ ਬੁਕਿੰਗ ਕਾਰਨ 58 ਗੈਸ ਏਜੰਸੀਆਂ ਦੀ ਆਨਲਾਈਨ ਸਰਵਰ ਬੁਕਿੰਗ ਪ੍ਰਭਾਵਿਤ ਹੋਈ ਹੈ, ਜਿਸ ਕਾਰਨ ਖਪਤਕਾਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਪਰ ਫੇਰ ਵੀ ਪ੍ਰਸ਼ਾਸਨ ਵੱਲੋਂ ਖਪਤਕਾਰਾਂ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।

ਵਰਜੀਤ ਵਾਲੀਆ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਆਮ ਘਰੇਲੂ ਖਪਤਕਾਰਾਂ ਨੂੰ ਗੈਸ ਸਪਲਾਈ ਨਿਰਵਿਘਨ ਤੇ ਨਿਰੰਤਰ ਜਾਰੀ ਰੱਖਣ ਲਈ ਕਈ ਉਪਰਾਲੇ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸੇ ਤਹਿਤ ਗੈਸ ਏਜੰਸੀਆਂ 'ਤੇ ਅਚਾਨਕ ਛਾਪੇਮਾਰੀ ਅਤੇ ਜਾਂਚ ਮੁਹਿੰਮ ਚਲਾਈ ਜਾ ਰਹੀ ਹੈ ਤਾਂ ਜੋ ਖਪਤਕਾਰਾਂ ਤੱਕ ਰਸੋਈ ਗੈਸ ਦੀ ਸਮੇਂ ਸਿਰ, ਨਿਯਮਤ, ਪਾਰਦਰਸ਼ੀ ਸਪਲਾਈ ਯਕੀਨੀ ਬਣਾਈ ਜਾ ਸਕੇ।

ਉਨ੍ਹਾਂ ਨੇ ਸਪਸ਼ਟ ਕੀਤਾ ਕਿ ਜੇਕਰ ਜਾਂਚ ਦੌਰਾਨ ਕਿਸੇ ਵੀ ਗੈਸ ਏਜੰਸੀ ਵੱਲੋਂ ਗੈਰ-ਨਿਯਮਿਤਤਾ, ਸਟਾਕ ਵਿੱਚ ਗੜਬੜ ਜਾਂ ਕਾਲਾ ਬਜ਼ਾਰੀ ਕਰਨ ਦੀ ਪੁਸ਼ਟੀ ਹੁੰਦੀ ਹੈ ਤਾਂ ਉਸ ਦੇ ਖ਼ਿਲਾਫ਼ ਲਾਇਸੈਂਸ ਰੱਦ ਕਰਨ ਸਮੇਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਵੀ ਥਾਂ ਰਸੋਈ ਗੈਸ ਦੀ ਕਾਲਾ ਬਜ਼ਾਰੀ, ਗੈਰ-ਕਾਨੂੰਨੀ ਵਿਕਰੀ ਜਾਂ ਹੋਰ ਕਿਸੇ ਤਰ੍ਹਾਂ ਦੀ ਗੜਬੜ ਬਾਰੇ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਪ੍ਰਸ਼ਾਸਨ ਜਾਂ ਫੂਡ ਸਪਲਾਈ ਵਿਭਾਗ ਨੂੰ ਸੂਚਿਤ ਕੀਤਾ ਜਾਵੇ। ਵਰਜੀਤ ਵਾਲੀਆ ਨੇ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਤਰ੍ਹਾਂ ਦੀਆਂ ਗਲਤ ਗਤੀਵਿਧੀਆਂ 'ਤੇ ਪੂਰੀ ਤਰ੍ਹਾਂ ਰੋਕ ਲਗਾਈ ਜਾ ਸਕਦੀ ਹੈ ਅਤੇ ਹਰ ਉਪਭੋਗਤਾ ਤੱਕ ਰਸੋਈ ਗੈਸ ਦੀ ਸਹੀ ਅਤੇ ਸਮੇਂ ਸਿਰ ਸਪਲਾਈ ਯਕੀਨੀ ਬਣਾਈ ਜਾ ਸਕਦੀ ਹੈ। ਇਸ ਨਾਲ ਨਾ ਸਿਰਫ਼ ਕਾਲਾ ਬਜ਼ਾਰੀ ਨੂੰ ਰੋਕਿਆ ਜਾ ਸਕੇਗਾ ਬਲਕਿ ਉਪਭੋਗਤਾਵਾਂ ਦਾ ਭਰੋਸਾ ਵੀ ਮਜ਼ਬੂਤ ਹੋਵੇਗਾ।

ਇਸੇ ਦੌਰਾਨ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਡਾ. ਰਵਿੰਦਰ ਕੌਰ ਨੇ ਫੂਡ ਸਪਲਾਈ ਇੰਸਪੈਕਟਰਾਂ ਨੂੰ ਸਖ਼ਤ ਨਿਰਦੇਸ਼ ਦਿੱਤੇ ਹਨ ਕਿ ਜ਼ਿਲ੍ਹੇ ਦੀਆਂ ਸਾਰੀਆਂ ਗੈਸ ਏਜੰਸੀਆਂ 'ਤੇ ਨਿਗਰਾਨੀ ਵਧਾਈ ਜਾਵੇ ਅਤੇ ਸ਼ੱਕ ਦੇ ਆਧਾਰ 'ਤੇ ਅਚਾਨਕ ਛਾਪੇਮਾਰੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਗੜਬੜ ਜਾਂ ਗੈਰ-ਨਿਯਮਿਤਤਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਦੋਸ਼ੀ ਪਾਏ ਜਾਣ ਵਾਲਿਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਹੁਕਮਾਂ ਦੇ ਮੱਦੇਨਜ਼ਰ ਅੱਜ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਫੂਡ ਸਪਲਾਈ ਵਿਭਾਗ ਦੀਆਂ ਟੀਮਾਂ ਵੱਲੋਂ ਵੱਡੇ ਪੱਧਰ 'ਤੇ ਜਾਂਚ ਕੀਤੀ ਗਈ। ਰੇਡ ਦੌਰਾਨ ਟੀਮਾਂ ਨੇ ਗੈਸ ਏਜੰਸੀਆਂ ਦੇ ਸਟਾਕ ਰਜਿਸਟਰਾਂ ਦੀ ਬਰੀਕੀ ਨਾਲ ਜਾਂਚ ਕੀਤੀ ਅਤੇ ਗੋਦਾਮਾਂ ਵਿੱਚ ਮੌਜੂਦ ਸਿਲੰਡਰਾਂ ਦਾ ਰਿਕਾਰਡ ਨਾਲ ਮਿਲਾਣ ਕੀਤਾ। ਇਸ ਦੌਰਾਨ ਇਹ ਵੀ ਦੇਖਿਆ ਗਿਆ ਕਿ ਲੋਕਾਂ ਨੂੰ ਰਸੋਈ ਗੈਸ ਦੀ ਸਪਲਾਈ ਨਿਯਮਾਂ ਅਨੁਸਾਰ ਕੀਤੀ ਜਾ ਰਹੀ ਹੈ ਜਾਂ ਨਹੀਂ।

ਉਨ੍ਹਾਂ ਨੇ ਦੱਸਿਆ ਕਿ ਬਲਾਕ ਪੱਧਰ 'ਤੇ ਫੂਡ ਸਪਲਾਈ ਤੇ ਸਹਾਇਕ ਫੂਡ ਸਪਲਾਈ ਅਧਿਕਾਰੀਆਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਬਲਾਕ ਪਟਿਆਲਾ ਲਈ ਵਰਿੰਦਰ ਪਾਲ ਕੌਰ 9056427880 ਤੇ ਮਨੀਸ਼ ਗਰਗ 9815842466, ਬਲਾਕ ਸਨੌਰ ਲਈ ਮੋਨਿਕਾ 9988802023, ਬਲਾਕ ਭੁਨਰਹੇੜੀ ਵਿਵੇਕ ਸਿੰਗਲਾ 9417118302, ਬਲਾਕ ਨਾਭਾ ਜਰਨੈਲ ਸਿੰਘ 9781001312 ਤੇ ਪੰਕਜ ਠਾਕੁਰ 9815806264, ਬਲਾਕ ਰਾਜਪੁਰਾ ਵਰਿੰਦਰ ਸਿੰਘ 9872617974, ਬਲਾਕ ਘਨੌਰ ਵਿਕਰਮਜੀਤ ਸਿੰਘ 8146532844, ਬਲਾਕ ਪਾਤੜਾਂ ਸਮਾਣਾ ਲਈ ਹਰਪ੍ਰੀਤ ਸਿੰਘ 9881010024 ਤੇ ਗੁਰਜਿੰਦਰ ਸਿੰਘ ਸਿੱਧੂ 9872989098 ਅਤੇ ਸਮਾਣਾ ਦੇ ਸਹਾਇਕ ਫੂਡ ਸਪਲਾਈ ਅਫਸਰ ਨਿਖਲ ਵਾਲੀਆ ਦੇ ਫੋਨ ਨੰਬਰ 9781340707 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਡੀ ਐਫ ਐਸ ਸੀ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਗੈਸ ਏਜੰਸੀ ਰਸੋਈ ਗੈਸ ਦੀ ਕਾਲਾ ਬਜ਼ਾਰੀ ਜਾਂ ਗੈਰ-ਕਾਨੂੰਨੀ ਤਰੀਕੇ ਨਾਲ ਵਿਕਰੀ ਨਾ ਕਰ ਸਕੇ। ਇਸ ਨਾਲ ਨਾਲ ਇਹ ਵੀ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਜ਼ਿਲ੍ਹੇ ਦੇ ਹਰ ਉਪਭੋਗਤਾ ਤੱਕ ਰਸੋਈ ਗੈਸ ਦੀ ਸਪਲਾਈ ਸਮੇਂ ਸਿਰ ਪਹੁੰਚੇ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਫੋਟੋ ਕੈਪਸ਼ਨ- ਫੂਡ ਸਪਲਾਈ ਵਿਭਾਗ ਵੱਲੋਂ ਪਟਿਆਲਾ ਜ਼ਿਲ੍ਹੇ ਵਿੱਚ ਗੈਸ ਏਜੰਸੀਆਂ 'ਤੇ ਕੀਤੀ ਜਾ ਰਹੀ ਛਾਪੇਮਾਰੀ ਦੀਆਂ ਤਸਵੀਰਾਂ।